ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

**ਮੋਗਾ ਜ਼ਿਲ੍ਹੇ ਵਿੱਚ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਜਨਤਕ ਸ਼ਿਕਾਇਤਾਂ ਲਈ ਸਹਾਇਕ ਕਮਿਸ਼ਨਰ (ਸ਼ਿਕਾਇਤਾਂ) ਨੋਡਲ ਅਫ਼ਸਰ ਨਾਮਜ਼ਦ-ਡਿਪਟੀ ਕਮਿਸ਼ਨਰ**

- **ਜਨਤਕ ਸੇਵਾਵਾਂ ਨਾਲ ਸਬੰਧਤ ਹਰੇਕ ਦਫ਼ਤਰ ਲਈ ਸ਼ਿਕਾਇਤਾਂ ਲੈਣ ਲਈ ਲੱਗੇਗਾ ਨੋਡਲ ਅਫ਼ਸਰ**

ਮੋਗਾ 18 ਜਨਵਰੀ:

ਮੁੱਖ ਮੰਤਰੀ ਪੰਜਾਬ ਸ. ਪਰਕਾਸ਼ ਸਿੰਘ ਬਾਦਲ ਵੱਲੋਂ ਸ਼ਿਕਾਇਤਾਂ ਦੀ ਪ੍ਰਾਪਤੀ ਅਤੇ ਨਿਪਟਾਰੇ ਲਈ ਨੋਡਲ ਅਫ਼ਸਰ ਤਾਇਨਾਤ ਕਰਨ ਦੀਆਂ ਹਦਾਇਤਾਂ ਦੇ ਮੱਦੇ-ਨਜ਼ਰ ਡਿਪਟੀ ਕਮਿਸ਼ਨਰ, ਮੋਗਾ ਸ. ਪਰਮਿੰਦਰ ਸਿੰਘ ਗਿੱਲ ਵੱਲੋਂ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਨੋਡਲ ਅਫ਼ਸਰ ਦੀ ਤਾਇਨਾਤੀ ਕਰ ਦਿੱਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸ਼੍ਰੀਮਤੀ ਅਨੀਤਾ ਦਰਸ਼ੀ (ਸਹਾਇਕ ਕਮਿਸ਼ਨਰ, ਸ਼ਿਕਾਇਤਾਂ) ਨੂੰ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਨੋਡਲ ਅਫ਼ਸਰ ਤਾਇਨਾਤ ਕੀਤਾ ਗਿਆ ਹੈ, ਜਿੰਨ੍ਹਾਂ ਨਾਲ ਕੰਮ ਦੇ ਦਿਨਾਂ ਵਿੱਚ ਫ਼ੋਨ ਨੰ. 01636-237096 ਜਾਂ ਮੋਬਾਈਲ ਨੰਬਰ 94171-09909 ’ਤੇ ਸੰਪਰਕ ਕਰਨ ਤੋਂ ਇਲਾਵਾ ਈ-ਮੇਲ ਆਈ.ਡੀ. acg.moga@gmail.com ’ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਜ਼ਿਲ੍ਹੇ ਦੇ ਹੋਰਨਾਂ ਵਿਭਾਗਾਂ ਦੇ ਮੁਖੀਆਂ ਨੂੰ ਵੀ ਤੁਰੰਤ ਆਪੋ-ਆਪਣੇ ਦਫ਼ਤਰ ਨਾਲ ਸਬੰਧਤ ਨੋਡਲ ਅਫ਼ਸਰ ਦੀ ਤਾਇਨਾਤੀ ਕਰਕੇ ਉਸ ਦੀ ਸੂਚੀ ਜਨਤਕ ਕਰਨ ਦੇ ਨਾਲ-ਨਾਲ ਉਸ ਸਬੰਧੀ ਸੂਚਨਾ ਡਿਪਟੀ ਕਮਿਸ਼ਨਰ ਦਫਤਰ ਵਿਖੇ ਵੀ ਭੇਜਣ ਲਈ ਆਖਿਆ। ਉਨ੍ਹਾਂ ਦੱਸਿਆ ਕਿ ਸਰਕਾਰੀ ਦਫ਼ਤਰਾਂ ਵਿੱਚ ਕੰਮਾਂ-ਕਾਰਾਂ ਲਈ ਆਉਂਦੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਜਾਂ ਸ਼ਿਕਾਇਤ ਦੀ ਸੂਰਤ ਵਿੱਚ ਨੋਡਲ ਅਫ਼ਸਰਾਂ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਸੂਚੀ ਵੀ ਜਲਦੀ ਹੀ ਪ੍ਰਕਾਸ਼ਿਤ ਕਰ ਦਿੱਤੀ ਜਾਵੇਗੀ।

---------

ਨੰ: ਪੀ.ਆਰ(ਪ੍ਰੈ ਰੀ)2016/26